# ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

**ਡਿਪਟੀ ਕਮਿਸ਼ਨਰ ਨੇ ਤਪਾ ਦੇ ਪਿੰਡਾਂ ਵਿਚ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ**

*** ਸਮਾਰਟ ਰਾਸ਼ਨ ਕਾਰਡ ਸਕੀਮ ਤੋਂ ਵਾਂਝੇ ਪਰਿਵਾਰਾਂ ਨੂੰ ਵੰਡੀ ਜਾ ਰਹੀ ਹੈ ਖਾਧ ਸਮੱਗਰੀ: ਤੇਜ ਪ੍ਰਤਾਪ ਸਿੰਘ ਫੂਲਕਾ**

*** ਰੋਜ਼ਾਨਾ ਪੱਧਰ ’ਤੇ ਲਗਭਗ 2 ਹਜ਼ਾਰ ਪੈਕੇਟ ਰਾਸ਼ਨ ਪਿੰਡਾਂ ਤੇ ਸ਼ਹਿਰਾਂ ਨੂੰ ਭੇਜਣ ਦਾ ਪ੍ਰਬੰਧ**

*** ਡਿਪਟੀ ਕਮਿਸ਼ਨਰ ਨੇ ਕਰੋਨਾ ਵਾਇਰਸ ਖ਼ਿਲਾਫ਼ ਜੰਗ ਜਿੱਤਣ ਲਈ ਲੋਕਾਂ ਨੂੰ ਸਮਾਜਿਕ ਦੂਰੀ ਰੱਖਣ ਅਤੇ ਘਰਾਂ ’ਚ ਰਹਿਣ ਲਈ ਪ੍ਰੇਰਿਆ**

ਤਪਾ/ਬਰਨਾਲਾ, 4 ਅਪਰੈਲ
ਕੋਵਿਡ 19 ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲਾ ਪ੍ਰਸ਼ਾਸਨ ਵੱਲੋਂ ਰੈੱਡ ਕਰਾਸ ਸੁਸਾਇਟੀ ਰਾਹੀਂ ਲੋੜਵੰਦ ਪਰਿਵਾਰਾਂ ਨੂੰ ਘਰੋ-ਘਰੀ ਮੁਫਤ ਰਾਸ਼ਨ ਵੰਡਿਆ ਜਾ ਰਿਹਾ ਹੈ ਤਾਂ ਜੋ ਇਸ ਔਖੀ ਘੜੀ ਵਿਚ ਕਿਸੇ ਗਰੀਬਾਂ/ਜ਼ਰੂਰਤਮੰਦਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਨੇ ਤਪਾ ਸ਼ਹਿਰ ਤੋਂ ਇਲਾਵਾ ਪਿੰਡ ਮਹਿਤਾ, ਤਾਜੋਕੇ ਤੇ ਤਾਜੋਕੇ ਖੁਰਦ ਦੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਣ ਮੌਕੇ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਪਿੰਡ ਮਹਿਤਾ ਦੇ 40 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਸ਼ੁਰੂ ਕਰਵਾਈ ਗਈ ਤੇ ਪਿੰਡ ਵਾਸੀਆਂ ਤੇ ਸਬੰਧਤ ਪਰਿਵਾਰਾਂ ਨੂੰ ਕਰੋਨਾ ਵਾਇਰਸ ਤੋਂ ਬਚਾਅ ਲਈ ਲੋੜੀਂਦੇ ਇਹਤਿਆਤ ਵਰਤਣ ਅਤੇ ਸਮਾਜਿਕ ਦੂਰੀ ਬਣਾ ਕੇ ਰੱਖਣ ਲਈ ਪ੍ਰੇਰਿਤ ਕੀਤਾ ਤਾਂ ਜੋ ਅਸੀਂ ਕਰੋਨਾ ਵਾਇਰਸ ਖਿਲਾਫ ਜੰਗ ਜਿੱਤ ਸਕੀਏ। ਇਸ ਮਗਰੋਂ ਡਿਪਟੀ ਕਮਿਸ਼ਨਰ ਵੱਲੋਂ ਪਿੰਡ ਤਾਜੋਕੇ ਅਤੇ ਤਾਜੋਕੇ ਖੁਰਦ ਦੇ 123 ਪਰਿਵਾਰਾਂ ਨੂੰ ਮੁਫਤ ਰਾਸ਼ਨ ਦੀ ਵੰਡ ਕੀਤੀ ਗਈ। ਪਿੰਡ ਤਾਜੋਕੇ ਵਿੱਚ ਝੁੱਗੀਆਂ-ਝੌਂਪੜੀਆਂ ਵਿਚ ਰਹਿੰਦੇ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਦੇ ਨਾਲ ਨਾਲ ਉਨਾਂ ਪਰਿਵਾਰਾਂ ਦਾ ਹਾਲ ਜਾਣਿਆ ਅਤੇ ਆਖਿਆ ਕਿ ਰਾਸ਼ਨ ਤੇ ਜ਼ਰੂਰੀ ਵਸਤਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਤਪਾ ਮੰਡੀ ਵਿਖੇ ਵੀ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲਾ ਬਰਨਾਲਾ ਦੇ ਵੱਖ ਵੱਖ ਪਿੰਡਾਂ/ਸ਼ਹਿਰਾਂ ਵਿਚ ਹਰ ਰੋਜ਼ ਲਗਭਗ 2000 ਪੈਕੇਟ ਰਾਸ਼ਨ ਭੇਜਿਆ ਜਾ ਰਿਹਾ ਹੈ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਕਰਫਿਊ ਦੌਰਾਨ ਪਹਿਲੇ ਪੜਾਅ ਵਿਚ ਲੋੜਵੰਦ ਪਰਿਵਾਰਾਂ ਨੂੰ 10 ਕਿਲੋ ਆਟਾ, 2 ਕਿਲੋ ਚੀਨੀ ਤੇ 2 ਕਿਲੋ ਦਾਲ ਦੀ ਵੰਡ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਹ ਰਾਸ਼ਨ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਆਰਥਿਕ ਪੱਖੋਂ ਗਰੀਬ ਪਰਿਵਾਰਾਂ, ਬੇਘਰਾਂ, ਅੰਗਹੀਣਾਂ, ਅਪਾਹਜਾਂ, ਬੇਸਹਾਰਾ ਬਜ਼ੁਰਗਾਂ, ਵਿਧਵਾ ਔਰਤਾਂ, ਦਿਹਾੜੀਦਾਰਾਂ, ਪਰਵਾਸੀ ਮਜ਼ਦੂਰਾਂ, ਝੁੱਗੀ ਝੌਂਪੜੀ ਵਾਲੇ ਪਰਿਵਾਰਾਂ ਵਿਚੋਂ ਉਨਾਂ ਲਾਭਪਾਤਰੀਆਂ ਨੂੰ ਵੰਡਿਆ ਜਾ ਰਿਹਾ ਹੈ, ਜੋ ਸਮਾਰਟ ਰਾਸ਼ਨ ਕਾਰਡ ਸਕੀਮ (ਐਨਐਫਐਸਏ) ਤੋਂ ਵਾਂਝੇ ਰਹਿ ਗਏ ਹਨ। ਪੇਂਡੂ ਖੇਤਰਾਂ ਵਿੱਚ ਿਇਹ ਰਾਸ਼ਨ ਪੰਚਾਇਤੀ ਰਾਜ ਵਿਭਾਗ ਦੇ ਅਮਲੇ ਰਾਹੀਂ ਅਤੇ ਸ਼ਹਿਰੀ ਖੇਤਰ ਵਿੱਚ ਨਗਰ ਕੌਂਸਲ/ਪੰਚਾਇਤ ਅਧਿਕਾਰੀਆਂ ਰਾਹੀਂ ਵੰਡਿਆ ਜਾ ਹੈ। ਜ਼ਿਲਾ ਪੱਧਰ ’ਤੇ ਰੈੱਡ ਕ੍ਰਾਸ ਸੁਸਾਇਟੀ ਤੇ ਐਨਐਸਐਸ ਵਲੰਟੀਅਰ ਘਰੋ-ਘਰੀ ਇਹ ਰਾਸ਼ਨ ਪਹੁੰਚਾਉਣ ਵਿਚ ਡਟੇ ਹੋਏ ਹਨ।

ਇਸ ਮੌਕੇ ਉਨਾਂ ਲੋਕਾਂ ਨੂੰ ਪ੍ਰੇਰਿਤ ਕਰਦੇ ਹੋਏ ਆਖਿਆ ਕਿ ਕਰੋਨਾ ਵਾਇਰਸ ਖ਼ਿਲਾਫ਼ ਜੰਗ ਜਿੱਤਣ ਲਈ ਸਮਾਜਿਕ ਦੂਰੀ ਕਾਇਮ ਰੱਖਣਾ ਸਭ ਤੋਂ ਵੱਡਾ ਉਪਾਅ ਹੈ, ਇਸ ਲਈ ਜ਼ਿਲਾ ਪ੍ਰਸ਼ਾਸਨ ਵੱਲੋਂ ਲੋੜਵੰਦਾਂ ਨੂੰ ਘਰੋ-ਘਰੀ ਰਾਸ਼ਨ ਪਹੁੰਚਾਇਆ ਜਾ ਰਿਹਾ ਹੈ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਜਾਂਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਜ਼ਰੂਰੀ ਯਕੀਨੀ ਬਣਾਉਣ,

ਕਿਉਕਿ ਕੋਵਿਡ 19 ਵਿਰੁਧ ਲੜਾਈ ਪਰਹੇਜ਼ ਨਾਲ ਹੀ ਜਿੱਤੀ ਜਾ ਸਕਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਕੁਮਾਰ ਜਿੰਦਲ, ਬੀਡੀਪੀਓ ਭੁਸ਼ਣ ਕੁਮਾਰ ਤੇ ਹੋਰ ਵਿਭਾਗੀ ਅਧਿਕਾਰੀ ਹਾਜ਼ਰ ਸਨ।

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

**ਜ਼ਿਲਾ ਪ੍ਰਸ਼ਾਸਨ ਵੱਲੋਂ ਲੋੜਵੰਦਾਂ ਤੱਕ ਰਾਸ਼ਨ ਪਹੁੰਚਾਉਣ ਦੇ ਉਪਰਾਲੇ ਜਾਰੀ**
*** ਬਰਨਾਲਾ ਸ਼ਹਿਰ ਦੀਆਂ ਬਸਤੀਆਂ ਤੇ ਝੁੱਗੀਆਂ-ਝੌਂਪੜੀਆਂ ’ਚ ਵੰਡਿਆ ਰਾਸ਼ਨ**

ਬਰਨਾਲਾ, 4 ਅਪਰੈਲ

ਕਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਹੁਕਮਾਂ ਅਨੁਸਾਰ ਅੱਜ ਰੈੱਡ ਕਰਾਸ ਸੁਸਾਇਟੀ ਰਾਹੀਂ ਬਰਨਾਲਾ ਦੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਕੀਤੀ ਗਈ।
ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲੋੜਵੰਦਾਂ ਨੂੰ ਇਹ ਰਾਸ਼ਨ ਘਰੋਂ ਘਰੀ ਪਹੁੰਚਾਇਆ ਜਾ ਰਿਹਾ ਹੈ, ਜਿਸ ਵਾਸਤੇ ਐਨਐਸਐਸ ਤੇ ਹੋਰ ਨੌਜਵਾਨ ਵਲੰਟੀਅਰ ਸੇਵਾਵਾਂ ਨਿਭਾਅ ਰਹੇ ਹਨ। ਜ਼ਿਲਾ ਰੈਡ ਕਰਾਸ ਸੁਸਾਇਟੀ ਦੇ ਸੁਪਰਡੈਂਟ ਸਰਵਣ ਸਿੰਘ ਨੇ ਦੱਸਿਆ ਕਿ ਅੱਜ ਬਰਨਾਲਾ ਸ਼ਹਿਰ ਦੇ ਸਲੱਮ ਏਰੀਆ, ਸੇਖਾ ਰੋਡ, ਤਰਕਸ਼ੀਲ ਚੌਕ, ਢਿੱਲੋਂ ਨਗਰ ਸਮੇਤ ਰੋਡੇ ਫਾਟਕਾਂ ਨਜ਼ਦੀਕੀ ਰਹਿੰਦੇ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਕੀਤੀ ਗਈ। ਇਸ ਮੌਕੇ ਯੁਵਕ ਸੇਵਾਵਾਂ ਵਿਭਾਗ ਦੇ ਸਹਾਇਕ ਡਾਇਰੈਕਟਰ ਸ੍ਰੀ ਵਿਜੈ ਭਾਸਕਰ ਨੇ ਦੱਸਿਆ ਕਿ ਇਸ ਕਾਰਜ ਵਾਸਤੇ ਜ਼ਿਲੇ ਅੰਦਰ ਸਮੂਹ ਯੂਥ ਕਲੱਬਾਂ ਦੇ ਮੈਂਬਰ ਅਤੇ ਐਨ.ਐਸ.ਐਸ. ਵਲੰਟੀਅਰ ਡਟੇ ਹੋਏ ਹਨ।

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

**ਡਿਪਟੀ ਕਮਿਸ਼ਨਰ ਵੱਲੋਂ ਬਰਨਾਲਾ ’ਚ ਰਾਸ਼ਨ ਵੰਡ ਪ੍ਰਕਿਰਿਆ ਦਾ ਜਾਇਜ਼ਾ**
*** ਸਮਾਰਟ ਰਾਸ਼ਨ ਕਾਰਡ ਸਕੀਮ ਤੋਂ ਵਾਂਝੇ ਲੋੜਵੰਦਾਂ ਨੂੰ ਰਾਸ਼ਨ ਯਕੀਨੀ ਬਣਾਉਣ ਦੀ ਹਦਾਇਤ**
*** ਬਰਨਾਲਾ ਦੇ ਗੁਰਸੇਵਕ ਨਗਰ ਵਿੱਚ ਲੋੜਵੰਦਾਂ ਨੂੰ ਖੁਦ ਕੀਤੀ ਰਾਸ਼ਨ ਦੀ ਵੰਡ**

ਬਰਨਾਲਾ, 4 ਅਪਰੈਲ
ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਬਰਨਾਲਾ ਸ਼ਹਿਰ ਵਿੱਚ ਲੋੜਵੰਦਾਂ ਨੂੰ ਰਾਸ਼ਨ ਦੀ ਵੰਡ ਦੇ ਕਾਰਜ ਦਾ ਅੱਜ ਜਾਇਜ਼ਾ ਲਿਆ।
ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਸਮਾਰਟ ਰਾਸ਼ਨ ਕਾਰਡ ਸਕੀਮ ਤੋਂ ਵਾਂਝੇ ਰਹਿ ਗਏ ਪਰਿਵਾਰਾਂ ਨੂੰ ਮੁਫਤ ਰਾਸ਼ਨ ਦੀ ਵੰਡ ਜਾਰੀ ਹੈ ਤੇ ਇਸ ਰਾਸ਼ਨ ਦੀ ਵੰਡ ਜ਼ਿਲਾ ਰੈੱਡ ਕ੍ਰਾਸ ਸੁਸਾਇਟੀ ਰਾਹੀਂ ਕਰਵਾਈ ਜਾ ਰਹੀ ਹੈ। ਅੱਜ ਸ਼ਹਿਰ ਦੇ ਗੁਰਸੇਵਕ ਨਗਰ ਦੇ ਵਾਰਡ ਨੰਬਰ 20 ’ਚ ਰਾਸ਼ਨ ਦੀ ਵੰਡ ਦੌਰਾਨ ਡਿਪਟੀ ਕਮਿਸ਼ਨਰ ਨੇ ਇਸ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਲੋੜਵੰਦਾਂ ਨੂੰ ਖੁਦ ਰਾਸ਼ਨ ਦੀ ਵੰਡ ਵੀ ਕੀਤੀ। ਇਸ ਦੇ ਨਾਲ ਹੀ ਉਨਾਂ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿੱਚ ਹੀ ਰਹਿਣ। ਜ਼ਿਲੇ ਵਿਚ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਘਰੋ ਘਰੀ ਪਹੁੰਚਾਇਆ ਜਾ ਰਿਹਾ ਹੈ। ਕਰੋਨਾ ਵਾਇਰਸ ਤੋਂ ਬਚਾਅ ਲਈ ਉਹ ਲੋੜੀਂਦੇ ਇਹਤਿਆਤ ਜ਼ਰੂਰ ਵਰਤਣ। ਇਸ ਮੌਕੇ ਉਨਾਂ ਜ਼ਿਲਾ ਰੈੱਡ ਕ੍ਰਾਸ ਸੁਸਾਇਟੀ ਦੇ ਸਕੱਤਰ ਨੂੰ ਆਦੇਸ਼ ਦਿੱਤੇ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਅਸਲ ਲੋੜਵੰਦ ਪਰਿਵਾਰ ਜ਼ਰੂਰੀ ਵਸਤਾਂ ਤੋਂ ਨਾ ਰਹਿ ਜਾਵੇ। ਉਨਾਂ ਕਿਹਾ ਕਿ ਜ਼ਿਲਾ ਪ੍ਰਸ਼ਾਸਨ ਨੂੰ ਐਨਜੀਓਜ਼ ਤੇ ਦਾਨੀ ਸੰਸਥਾਵਾਂ ਦਾ ਵੀ ਭਰਪੂਰ ਸਹਿਯੋਗ ਮਿਲਿਆ ਹੈ , ਜੋ ਬਹੁਤ ਸ਼ਲਾਘਾਯੋਗ ਹੈ।

## ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

**ਸਿਹਤ ਜਾਂਚ ਲਈ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਨਾਲ ਰਾਬਤਾ ਬਣਾਇਆ ਜਾਵੇ: ਸਿਵਲ ਸਰਜਨ**

*** ਬਿਨਾਂ ਕਿਸੇ ਐਮਰਜੈਂਸੀ ਤੋਂ ਦੂਰ ਦੇ ਹਸਪਤਾਲ ਜਾਣ ਤੋਂ ਕੀਤਾ ਜਾਵੇ ਗੁਰੇਜ਼**

*** ਸਿਵਲ ਸਰਜਨ ਵੱਲੋਂ ਸਿਹਤ ਸਲਾਹ**

ਬਰਨਾਲਾ, 4 ਅਪਰੈਲ

ਕਰੋਨਾ ਵਾਇਰਸ ਫੈਲਣ ਤੋਂ ਰੋਕਥਾਮ ਅਤੇ ਜ਼ਿਲਾ ਵਾਸੀਆਂ ਨੂੰ ਸੇਵਾਵਾਂ ਦੇਣ ਲਈ ਸਿਹਤ ਵਿਭਾਗ ਦਾ ਅਮਲਾ ਤਨਦੇਹੀ ਨਾਲ ਸੇਵਾਵਾਂ ਨਿਭਾਅ ਰਿਹਾ ਹੈ।

ਇਹ ਪ੍ਰਗਟਾਵਾ ਕਰਦੇ ਹੋਏ ਸਿਵਲ ਸਰਜਨ ਬਰਨਾਲਾ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਜ਼ਿਲਾ ਬਰਨਾਲਾ ਵਿੱਚ ਹੁਣ ਤਕ ਕਰੋਨਾ ਵਾਇਰਸ ਦਾ ਕੋਈ ਪਾਜ਼ੇਟਿਵ ਕੇਸ ਨਹੀਂ ਹੈ, ਪਰ ਲੋਕ ਇਹਤਿਆਤ ਜ਼ਰੂਰ ਵਰਤਣ। ਉਨਾਂ ਜ਼ਿਲਾ ਬਰਨਾਲਾ ਦੇ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਜਾਂਚ ਲਈ ਆਪਣੇ ਘਰ ਤੋਂ ਦੂਰ ਸ਼ਹਿਰ ਦੇ ਸਰਕਾਰੀ ਹਸਪਤਾਲ ਵਿੱਚ ਜਾਣ ਦੀ ਬਜਾਏ ਆਪਣੇ ਨੇੜੇ ਦੀ ਸਰਕਾਰੀ ਸਿਹਤ ਸੰਸਥਾਵਾਂ (ਸਬ-ਸੈਂਟਰ, ਕਮਿਊਨਟੀ ਹੈਲਥ ਸੈਂਟਰ, ਪ੍ਰਾਇਮਰੀ ਹੈਲਥ ਸੈਂਟਰ ਤੇ ਹੈਲਥ ਐਂਡ ਵੈਲਨੈੱਸ ਸੈਂਟਰ ਆਦਿ) ਵਿੱਚ ਪਹੁੰਚ ਕਰਨ, ਇਨਾਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਸਾਰਾ ਸਿਹਤ ਸਟਾਫ ਡਿਊਟੀ ਦੇ ਰਿਹਾ ਹੈ। ਉਨਾਂ ਕਿਹਾ ਕਿ ਸਾਰਾ ਸਿਹਤ ਵਿਭਾਗ ਆਪਣੀ ਪੂਰੀ ਜ਼ਿੰਮੇਵਾਰੀ ਨਾਲ ਲੋਕਾਂ ਦੀ ਸਿਹਤ ਸੰਭਾਲ ਲਈ ਕੰਮ ਕਰ ਰਿਹਾ ਹੈ।

ਉਨਾਂ ਕਿਹਾ ਕਿ ਹਰ ਇਕ ਨਾਗਰਿਕ ਆਪਣੇ ਜਿੰਮੇਵਾਰੀ ਸਮਝਦੇ ਹੋਏ ਘਰਾਂ ਵਿੱਚ ਹੀ ਰਹੇ ਤਾਂ ਜੋ ਉਹ ਕਰੋਨਾ ਵਾਇਰਸ ਪੀੜਤ ਵਿਅਕਤੀ ਦੇ ਸੰਪਰਕ ਵਿੱਚ ਨਾ ਆਵੇ। ਉਨਾਂ ਕਿਹਾ ਕਿ ਘਰ ਵਿੱਚ ਰਹਿ ਕੇ ਆਪਣੇ ਹੱਥਾਂ ਦੀ ਸਫਾਈ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਇਸ ਲਈ ਸਾਨੂੰ ਵਾਰ ਵਾਰ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਚੰਗੀ ਤਰਾਂ ਧੋਣਾ ਚਾਹੀਦਾ ਹੈ ਜਾਂ ਐਲਕੋਹਲ ਯੁਕਤ ਹੈਂਡ ਸੈਨੀਟਾਇਜ਼ਰ ਦੀ ਵਰਤੋਂ ਕਰਨੀ ਚਾਹੀਦੀ ਹੈ। ਹਰੇਕ ਵਿਅਕਤੀ ਤੋਂ 1 ਮੀਟਰ ਦੀ ਦੂਰੀ ਬਣਾ ਕੇ ਰੱਖੋ, ਖਾਂਸੀ ਕਰਦੇ ਜਾਂ ਛਿੱਕਣ ਵੇਲੇ ਨੱਕ ਅਤੇ ਮੂੰਹ ਨੂੰ ਢਕੇ , ਕਿਸੇ ਵੀ ਵਿਅਕਤੀ ਨੂੰ ਗਲੇ ਨਾ ਮਿਲੇ ਤੇ ਹੱਥ ਨਾ ਮਿਲਾਇਆ ਜਾਵੇ। ਦੂਜੇ ਵਿਅਕਤੀਆਂ ਦੁਆਰਾ ਵਰਤੀਆਂ ਗਈਆਂ ਆਮ ਵਰਤੋ ਵਾਲੀਆਂ ਚੀਜ਼ਾਂ( ਦਰਵਾਜ਼ੇ ਦਾ ਕੁੰਡਾ, ਹੈਂਡਲ, ਪੈਨ ਆਦਿ) ਨੂੰ ਛੂਹਣ ਤੋਂ ਪਰਹੇਜ਼ ਕਰੋ। ਜੇਕਰ ਛੂਹ ਵੀ ਲਿਆ ਤਾਂ ਬਾਅਦ ਵਿੱਚ ਸਾਬਣ ਤੇ ਪਾਣੀ ਨਾਲ ਚੰਗੀ ਤਰਾਂ ਹੱਥ ਧੋਤੇ ਜਾਣ। ਉਨਾਂ ਕਿਹਾ ਕਿ ਜੇਕਰ ਕਿਸੇ ਨੇ ਇਸ ਸਬੰਧੀ ਕੋਈ ਜਾਣਕਾਰੀ ਲੈਣੀ ਹੈ ਤਾਂ ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਨੈਸ਼ਨਲ ਕਾਲ ਸੈਂਟਰ ਅਧੀਨ 011 2397 8046 ਅਤੇ ਜ਼ਿਲਾ ਕੰਟਰੋਲ ਅਧੀਨ 01679-234777, 98721-95649, 76528-95649, 99153-05649 ਨੰਬਰ ਜਾਰੀ ਕੀਤਾ ਗਿਆ ਹੈ।

## ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

**ਜ਼ਿਲਾ ਮੈਜਿਸਟ੍ਰੇਟ ਵੱਲੋਂ ਕਣਕ ਦੇ ਸੀਜ਼ਨ ਦੌਰਾਨ ਖੇਤੀਬਾੜੀ ਦੇ ਕੰਮਾਂ ਲਈ ਕੁਝ ਸ਼ਰਤਾਂ ’ਤੇ ਛੋਟ**

*** ਖੇਤੀ ਕਾਰਜਾਂ ਲਈ ਆਉਣ-ਜਾਣ ਦਾ ਸਮਾਂ ਨਿਰਧਾਰਿਤ**

ਬਰਨਾਲਾ, 4 ਅਪਰੈਲ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਅਤੇ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਜ਼ਿਲਾ ਬਰਨਾਲਾ ਅੰਦਰ ਕਰਫਿਊ ਲਾਗੂ ਹੈ, ਜਿਸ ਤਹਿਤ ਕਿਸੇ ਵੀ ਵਿਅਕਤੀ ਦੇ ਸੜਕਾਂ, ਗਲੀਆਂ ਜਾਂ ਜਨਤਕ ਥਾਵਾਂ ’ਤੇ ਘੁੰਮਣ ਫਿਰਨ ਦੀ ਮਨਾਹੀ ਹੈ। ਇਸ ਦੇ ਮੱਦੇਨਜ਼ਰ ਜ਼ਿਲਾ ਮੈਜਿਸਟ੍ਰੇਟ ਸ. ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਕਣਕ ਦੇ ਸੀਜ਼ਨ ਦੌਰਾਨ ਖੇਤੀਬਾੜੀ ਦੇ ਕੰਮਾਂ ਲਈ ਕੁਝ ਛੋਟ ਦਿੱਤੀ ਗਈ ਹੈ।

ਇਨਾਂ ਹੁਕਮਾਂ ਅਨੁਸਾਰ ਕਿਸਾਨਾਂ ਵਲੋਂ ਕਣਕ ਦੀ ਫ਼ਸਲ ਦੀ ਕਟਾਈ ਅਤੇ ਵੱਖ-ਵੱਖ ਖੇਤੀ ਕਾਰਜਾਂ ਲਈ ਖੇਤ ਮਜ਼ਦੂਰਾਂ ਸਮੇਤ ਖੇਤਾਂ ਵਿੱਚ ਆਉਣ-ਜਾਣ ਲਈ ਸਵੇਰ ਦਾ ਸਮਾਂ 6 ਤੋਂ 9 ਵਜੇ ਤੱਕ (ਤਿੰਨ ਘੰਟੇ) ਅਤੇ ਖੇਤ ਤੋਂ ਵਾਪਸ ਆਉਣ ਦਾ ਸਮਾਂ ਸ਼ਾਮ 7 ਤੋਂ ਰਾਤ 9 ਵਜੇ ਤੱਕ (2 ਘੰਟੇ) ਹੋਵੇਗਾ। ਕਿਸਾਨਾਂ ਵੱਲੋਂ ਫ਼ਸਲ ਦੀ ਕਟਾਈ ਬਿਜਾਈ ਅਤੇ ਢੋਆ-ਢੋਆਈ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਜਿਵੇਂ ਕਿ ਟਰੈਕਟਰ, ਟਰਾਲੀ, ਕੰਬਾਇਨ ਆਦਿ ਦੀ ਆਵਾਜਾਈ ’ਤੇ ਮੁਕੰਮਲ ਤੌਰ ’ਤੇ ਛੋਟ ਹੋਵੇਗੀ, ਪਰ ਖੇਤਾਂ ਵਿਚ ਕੰਬਾਇਨ ਦੇ ਚੱਲਣ ਦਾ ਸਮਾਂ ਸਵੇਰੇ 8 ਤੋਂ ਸ਼ਾਮ 7 ਵਜੇ ਤੱਕ ਹੀ ਹੋਵੇਗਾ। ਸਬੰਧਤ ਮਸ਼ੀਨਰੀ ’ਤੇ 4 ਤੋਂ ਵੱਧ ਵਿਅਕਤੀ ਮੌਜੂਦ ਨਹੀਂ ਹੋਣਗੇ ਅਤੇ ਦੂਰੀ 2 ਮੀਟਰ ਦੀ ਬਣਾ ਕੇ ਰੱਖਣਗੇ। ਖੇਤੀਬਾੜੀ ਮਸ਼ੀਨਰੀ ਦੀ ਮੁਰੰਮਤ ਅਤੇ ਸਪੇਅਰ ਪਾਰਟਸ ਸਬੰਧੀ ਦੁਕਾਨਾਂ ਦਾ ਸਮਾਂ ਸਵੇਰੇ 6 ਤੋਂ ਸਵੇਰੇ 9 ਵਜੇ ਤੱਕ ਹੋਵੇਗਾ। ਦੁਕਾਨਦਾਰਾਂ ਨੂੰ ਸਪੇਅਰ ਪਾਰਟਸ ਦੀ ਹੋਮ ਡਲਿਵਰੀ ਹੀ ਕੀਤੀ ਜਾਵੇਗੀ। ਬੀਜ, ਖਾਦ ਅਤੇ ਕੀਟਨਾਸ਼ਕ ਦਵਾਈਆਂ ਵਾਲੀਆਂ ਦੁਕਾਨਾਂ ਦਾ ਸਮਾਂ ਸਵੇਰੇ 8 ਵਜੇ ਤੋਂ ਦੁਪਹਿਰ 12 ਵਜੇ (ਚਾਰ ਘੰਟੇ) ਤੱਕ ਦਾ ਹੋਵਗਾ। ਇਹ ਦੁਕਾਨਦਾਰ ਮੁੱਖ ਖੇਤੀਬਾੜੀ ਅਫਸਰ ਵੱਲੋਂ ਹੋਏ ਨਿਰਦੇਸ਼ਾਂ ਅਨੁਸਾਰ ਦੁਕਾਨ ਖੋਲਣਗੇ ਅਤੇ ਆਪਣੇ ਗਾਹਕਾਂ ਨੂੰ ਹੋਮ ਡਿਲਿਵਰੀ ਹੀ ਕਰਨਗੇ। ਤੂੜੀ ਵਾਲੀ ਮਸ਼ੀਨ ਸਟਰਾ ਰੀਪਰ ਪਹਿਲੀ ਮਈ ਤੋਂ ਚਲਾਏ ਜਾਣ ਤਾਂ ਜੋ ਕਣਕ ਦੀ ਫ਼ਸਲ ਤੇ ਨਾੜ ਨੂੰ ਅੱਗ ਤੋਂ ਬਚਾਅ ਰਹੇ। ਇਸ ਕੰਮ ਵਿਚ ਮੌਜੂਦ ਵਿਅਕਤੀਆਂ ਆਪਸੀ ਦੂਰੀ 2 ਮੀਟਰ ਦੀ ਰੱਖਣਗੇ। ਸਮੂਹ ਕਿਸਾਨਾਂ/ਖੇਤ ਮਜ਼ਦੂਰਾਂ ਵਲੋਂ ਜੇਕਰ ਖੇਤਾਂ ਵਿੱਚ ਹੱਥੀਂ ਕਟਾਈ/ਬਿਜਾਈ ਆਦਿ ਦਾ ਕੰਮ ਕੀਤਾ ਜਾਵੇਗਾ ਤਾਂ ਉਸ ਸਮੇਂ 10 ਤੋਂ ਵੱਧ ਵਿਅਕਤੀ ਮੌਜੂਦ ਨਹੀਂ ਹੋਣਗੇ। ਆਪਸੀ ਦੂਰੀ 2 ਮੀਟਰ ਦੀ ਹੋਵੇਗੀ। ਫੇਸ ਮਾਸਕ ਪਾਉਣਗੇ, ਹੱਥਾਂ ਦੀ ਸਾਫ਼ ਸਫ਼ਾਈ ਰੱਖਣਗੇ ਤੇ ਸੈਨੇਟਾਈਜ਼ਰ ਦੀ ਵਰਤੋਂ ਕਰਨਗੇ। ਇਸ ਤੋਂ ਇਲਾਵਾ ਕੋਰੋਨਾਵਾਇਰਸ (ਕੋਵਿਡ-19) ਸਬੰਧੀ ਸਰਕਾਰ ਵਲੋਂ ਸਮੇਂ ਸਮੇਂ ’ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨਗੇ।